# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 19:30

**ਮਿਤੀ : 18-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪੱਛਮੀ ਬੰਗਾਲ 'ਚ ਕੋਲਕਾਤਾ ਦੇ ਚੋਰਬਾਗਨ ਦੁਰਗਾ ਪੂਜਾ ਪੰਡਾਲ 'ਚ ਭਗਦੜ ਦੇ ਮਾਮਲੇ 'ਚ ਅੱਜ ਸਥਾਨਕ ਅਦਾਲਤ ਨੇ 7 ਲੋਕਾਂ ਨੂੰ 10 ਦਿਨਾਂ ਦੀ ਪੁਲਸ ਹਿਰਾਸਤ 'ਚ ਭੇਜ ਦਿੱਤਾ ਏ।

- ਪੰਜਾਬ ਦੇ ਸੰਗਰੂਰ ਜ਼ਿਲ੍ਹੇ 'ਚ ਇਕ ਸੜਕ ਹਾਦਸੇ 'ਚ 8 ਮਜ਼ਦੂਰਾਂ ਦੀ ਮੌਤ ਹੋ ਗਈ ਤੇ ਕਈ ਹੋਰ ਜ਼ਖਮੀ ਹੋ ਗਏ |

- ਫਰਾਂਸ ਵਿੱਚ ਵਧਦੀ ਮਹਿੰਗਾਈ ਅਤੇ ਸਕੂਲਾਂ ਦੀ ਖਰਾਬ ਹਾਲਤ ਵਿਰੁੱਧ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨਾਂ ਦੌਰਾਨ ਲਗਭਗ 1,800 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ।

- ਈਰਾਨ ਦੀ ਸੰਸਦ ਨੇ ਅੱਜ ਮੇਹਰਦਾਦ ਅਖਲਾਗੀ ਨੂੰ ਦੇਸ਼ ਦਾ ਅਗਲਾ ਰੱਖਿਆ ਮੰਤਰੀ ਵਜੋਂ ਨਿਯੁਕਤ ਕਰਨ ਲਈ ਮਨਜ਼ੂਰੀ ਦੇ ਦਿੱਤੀ ਏ।

- ਏਸ਼ੀਆਈ ਪੈਰਾ ਖੇਡਾਂ 2026 ਅੱਜ ਜਾਪਾਨ ਦੇ ਆਈਚੀ-ਨਾਗੋਯਾ ਵਿੱਚ ਸ਼ੁਰੂ ਹੋ ਗਈਆਂ ਨੇ |

***ਹੁਣ ਖਬਰਾਂ ਵਿਸਥਾਰ ਨਾਲ***

ਪੱਛਮੀ ਬੰਗਾਲ 'ਚ ਕੋਲਕਾਤਾ ਦੇ ਚੋਰਬਾਗਨ ਦੁਰਗਾ ਪੂਜਾ ਪੰਡਾਲ 'ਚ ਭਗਦੜ ਦੇ ਮਾਮਲੇ 'ਚ ਅੱਜ ਸਥਾਨਕ ਅਦਾਲਤ ਨੇ 7 ਲੋਕਾਂ ਨੂੰ 10 ਦਿਨਾਂ ਦੀ ਪੁਲਸ ਹਿਰਾਸਤ 'ਚ ਭੇਜ ਦਿੱਤਾ ਹੈ। ਪੰਡਾਲ 'ਚ ਮਚੀ ਭਗਦੜ 'ਚ 19 ਲੋਕਾਂ ਦੀ ਮੌਤ ਹੋ ਗਈ ਅਤੇ 25 ਹੋਰ ਜ਼ਖਮੀ ਹੋ ਗਏ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ ਪੂਜਾ ਕਮੇਟੀ ਦੇ ਸਕੱਤਰ ਅਤੇ ਉਪ ਪ੍ਰਧਾਨ ਅਤੇ ਇੱਕ ਨਿੱਜੀ ਸੁਰੱਖਿਆ ਏਜੰਸੀ ਦੇ ਦੋ ਮੁਲਾਜ਼ਮ ਸ਼ਾਮਲ ਨੇ। ਪੁਲਿਸ ਨੇ ਇਸ ਮਾਮਲੇ ਵਿੱਚ ਗੈਰ ਇਰਾਦਤਨ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ। ਮੁੱਖ ਮੰਤਰੀ ਸੁਵੇਂਦੂ ਅਧਿਕਾਰੀ ਨੇ ਰਾਜ ਭਰ ਦੇ ਪ੍ਰਮੁੱਖ ਦੁਰਗਾ ਪੂਜਾ ਪੰਡਾਲਾਂ 'ਤੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ  ਕਰਨ ਲਈ ਉੱਚ ਪੱਧਰੀ ਕਮੇਟੀ ਦੇ ਗਠਨ ਦਾ ਐਲਾਨ ਕੀਤਾ। ਸੂਬਾ ਸਰਕਾਰ ਨੇ ਹਰੇਕ ਮ੍ਰਿਤਕ ਦੇ ਪਰਿਵਾਰ ਨੂੰ 25 - 25 ਲੱਖ ਰੁਪਏ ਦੀ ਸਹਾਇਤਾ ਅਤੇ ਪਰਿਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦੇਣ ਦਾ ਐਲਾਨ ਕੀਤਾ ਹੈ। ਕੇਂਦਰ ਸਰਕਾਰ ਨੇ ਵੀ ਮ੍ਰਿਤਕਾਂ ਦੇ ਵਾਰਸਾਂ ਨੂੰ 2-2 ਲੱਖ ਰੁਪਏ ਅਤੇ ਜ਼ਖਮੀਆਂ ਨੂੰ 50-50 ਹਜ਼ਾਰ ਰੁਪਏ ਦੀ

ਮਾਲੀ ਸਹਾਇਤਾ  ਦੇਣ ਦਾ ਐਲਾਨ ਕੀਤਾ ਏ |ਇਸ ਘਟਨਾ ਦੀ ਜ਼ਿੰਮੇਵਾਰੀ ਤੈਅ ਕਰਨ ਲਈ ਵਿਸ਼ੇਸ਼ ਟਾਸਕ ਫੋਰਸ ਨੇ ਵੀ ਜਾਂਚ ਸ਼ੁਰੂ ਕਰ ਦਿੱਤੀ ਹੈ।

-------------------------------------------------------------

ਪੰਜਾਬ ਦੇ ਸੰਗਰੂਰ ਜ਼ਿਲ੍ਹੇ 'ਚ ਇਕ ਸੜਕ ਹਾਦਸੇ 'ਚ 8 ਮਜ਼ਦੂਰਾਂ ਦੀ ਮੌਤ ਹੋ ਗਈ ਤੇ ਕਈ ਹੋਰ ਜ਼ਖਮੀ ਹੋ ਗਏ | ਹਾਦਸਾ ਓਦੋ ਵਾਪਰਿਆ ਜਦੋਂ  ਸੜਕ ਕਿਨਾਰੇ ਮਨਰੇਗਾ ਦੇ ਕੰਮ ਵਿੱਚ ਲੱਗੇ ਮਜ਼ਦੂਰਾਂ ਨੂੰ ਇੱਕ ਤੇਜ਼ ਰਫ਼ਤਾਰ ਕਾਰ ਨੇ ਕੁਚਲ ਦਿੱਤਾ। ਇਸ ਹਾਦਸੇ ਵਿੱਚ ਅੱਠ ਮਜ਼ਦੂਰਾਂ ਦੀ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ, ਇਹ ਹਾਦਸਾ ਸੰਗਰੂਰ ਜ਼ਿਲ੍ਹੇ ਦੇ ਲਹਿਰਾਗਾਗਾ-ਜਾਖਲ ਰੋਡ 'ਤੇ ਵਾਪਰਿਆ | ਹਾਦਸੇ ਸਮੇਂ ਸੜਕ 'ਤੇ ਲਗਭਗ 23 ਮਰਦ ਅਤੇ ਔਰਤ  ਮਜ਼ਦੂਰ ਕੰਮ ਕਰ ਰਹੇ ਸਨ

-------------------------------------------------------------

ਮੱਧ ਪ੍ਰਦੇਸ਼ ਦੇ ਗਵਾਲੀਅਰ ਜ਼ਿਲ੍ਹੇ ਦੇ ਸਤਾਓ ਪਿੰਡ ਵਿੱਚ ਸ਼ੀਤਲਾ ਮਾਤਾ ਮੰਦਰ ਵਿੱਚ ਹੋਏ ਟਰੱਕ ਹਾਦਸੇ ਵਿੱਚ ਮਰਨ ਵਾਲਿਆਂ ਦੀ ਗਿਣਤੀ 14 ਹੋ ਗਈ ਹੈ। ਗਵਾਲੀਅਰ ਦੇ ਸੀਨੀਅਰ ਪੁਲਿਸ ਸੁਪਰਡੈਂਟ ਧਰਮਵੀਰ ਸਿੰਘ ਨੇ ਦੱਸਿਆ ਕਿ ਝੋਨੇ ਨਾਲ ਭਰਿਆ ਇੱਕ ਟਰੱਕ ਕੰਟਰੋਲ ਤੋਂ ਬਾਹਰ ਹੋ ਗਿਆ ਅਤੇ ਮੰਦਰ ਦੇ ਮੁੱਖ ਗੇਟ 'ਤੇ ਖੜ੍ਹੇ ਸ਼ਰਧਾਲੂਆਂ ਤੇ ਚੜ੍ਹ ਗਿਆ | ਗਵਾਲੀਅਰ ਦੇ ਜ਼ਿਲ੍ਹਾ ਮੈਜਿਸਟ੍ਰੇਟ ਰੁਚਿਕਾ ਚੌਹਾਨ ਅਤੇ ਸੀਨੀਅਰ ਪੁਲਿਸ ਸੁਪਰਡੈਂਟ  ਧਰਮਵੀਰ ਸਿੰਘ ਨੇ ਪ੍ਰਬੰਧਾਂ ਦਾ ਜਾਇਜ਼ਾ

ਲੈਣ ਲਈ ਟਰਾਮਾ ਸੈਂਟਰ ਦਾ ਦੌਰਾ ਕੀਤਾ। ਜ਼ਿਲ੍ਹਾ ਮੈਜਿਸਟ੍ਰੇਟ ਨੇ ਡਾਕਟਰਾਂ ਨੂੰ ਜ਼ਖਮੀਆਂ ਦਾ ਬੇਹਤਰੀਨ  ਇਲਾਜ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਨੇ। ਮੁੱਖ ਮੰਤਰੀ ਡਾ. ਮੋਹਨ ਯਾਦਵ ਨੇ ਹਾਦਸੇ ਵਿੱਚ ਸ਼ਰਧਾਲੂਆਂ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ। ਉਨ੍ਹਾਂ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 4- 4ਲੱਖ ਰੁਪਏ, ਗੰਭੀਰ ਜ਼ਖਮੀਆਂ ਨੂੰ 2 ਲੱਖ ਰੁਪਏ ਅਤੇ ਹੋਰ ਜ਼ਖਮੀਆਂ ਨੂੰ 50- 50 ਹਜ਼ਾਰ ਰੁਪਏ ਦੀ ਵਿੱਤੀ ਸਹਾਇਤਾ ਦੇਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਸਾਰੇ ਜ਼ਖਮੀਆਂ ਦਾ ਮੁਫ਼ਤ ਇਲਾਜ ਕੀਤਾ ਜਾਵੇਗਾ।

--------------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗਵਾਲੀਅਰ ਵਿੱਚ ਵਾਪਰੇ ਸੜਕ ਹਾਦਸੇ 'ਤੇ ਡੂੰਘਾ ਦੁੱਖ ਪ੍ਰਗਟ ਕੀਤਾ ਏ। ਇੱਕ ਸੋਸ਼ਲ ਮੀਡੀਆ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਹਾਦਸੇ ਵਿੱਚ ਜਾਨ ਗੁਆਉਣ ਵਾਲਿਆਂ ਦੇ ਪਰਿਵਾਰਾਂ ਪ੍ਰਤੀ ਹਮਦਰਦੀ ਪ੍ਰਗਟ ਕੀਤੀ ਏ। ਉਨ੍ਹਾਂ ਨੇ ਜ਼ਖਮੀਆਂ ਦੇ ਛੇਤੀ ਠੀਕ ਹੋਣ ਦੀ ਕਾਮਨਾ ਵੀ ਕੀਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਾਦਸੇ ਵਿੱਚ ਮਾਰੇ ਗਏ ਲੋਕਾਂ ਦੇ ਵਾਰਸਾਂ ਨੂੰ 'ਪ੍ਰਧਾਨ ਮੰਤਰੀ ਰਾਸ਼ਟਰੀ ਰਾਹਤ ਫੰਡ' ਵਿੱਚੋਂ 2-2 ਲੱਖ ਰੁਪਏ ਦੀ ਸਹਾਇਤਾ ਰਾਸ਼ੀ ਅਤੇ ਜ਼ਖ਼ਮੀਆਂ ਨੂੰ 50-50 ਹਜ਼ਾਰ ਰੁਪਏ ਦੇਣ ਦਾ ਐਲਾਨ ਕੀਤਾ ਏ।

-------------------------------------------------------

ਮਹਾਰਾਸ਼ਟਰ ਦੇ ਬੀੜ ਜ਼ਿਲ੍ਹੇ ਵਿੱਚ ਅੱਜ ਸਵੇਰੇ ਇੱਕ ਸੜਕ ਹਾਦਸੇ ਵਿੱਚ 11 ਸਾਲਾ ਮੁੰਡੇ ਸਮੇਤ ਪੰਜ ਲੋਕਾਂ ਦੀ ਮੌਤ ਹੋ ਗਈ। ਅਧਿਕਾਰੀਆਂ ਅਨੁਸਾਰ ਇਹ ਹਾਦਸਾ ਖਾਮਗਾਓਂ-ਪੰਢਰਪੁਰ ਰਾਸ਼ਟਰੀ ਰਾਜਮਾਰਗ 'ਤੇ ਵਾਪਰਿਆ। ਸਾਰੇ ਮ੍ਰਿਤਕ ਮਜਲਗਾਓਂ ਦੇ ਵਸਨੀਕ ਸਨ।

-------------------------------------------------------

ਚੀਫ਼ ਜਸਟਿਸ ਸੂਰਿਆ ਕਾਂਤ ਨੇ ਅੱਜ ਲੇਹ ਵਿੱਚ ਜੰਮੂ-ਕਸ਼ਮੀਰ ਅਤੇ ਲੱਦਾਖ ਹਾਈ ਕੋਰਟ ਦੇ ਲੱਦਾਖ ਬੈਂਚ ਦਾ ਉਦਘਾਟਨ ਕੀਤਾ। ਇਸ ਮੌਕੇ ਸੁਪਰੀਮ ਕੋਰਟ ਦੇ ਜਸਟਿਸ ਐਮ ਐਮ ਸੁੰਦਰੇਸ਼, ਪੀ ਐਸ ਨਰਸਿਮਹਾ ਅਤੇ ਅਰੁਣ ਪੱਲੀ, ਹਾਈ ਕੋਰਟ ਦੇ ਜੱਜ, ਭਾਰਤ ਦੇ ਅਟਾਰਨੀ ਜਨਰਲ ਆਰ ਵੈਂਕਟਰਮਣੀ ਅਤੇ ਲੱਦਾਖ ਦੇ ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ ਮੌਜੂਦ ਸਨ। ਕੇਂਦਰ ਸਰਕਾਰ ਨੇ ਅਗਸਤ ਵਿੱਚ ਜੰਮੂ-ਕਸ਼ਮੀਰ ਅਤੇ ਲੱਦਾਖ ਹਾਈ ਕੋਰਟ ਦੇ ਲੱਦਾਖ ਬੈਂਚ ਦੀ ਸਥਾਪਨਾ ਨੂੰ ਮਨਜ਼ੂਰੀ ਦੇ ਦਿੱਤੀ ਸੀ। ਇਸ ਘਟਨਾ ਦੀ ਜ਼ਿੰਮੇਵਾਰੀ ਤੈਅ ਕਰਨ ਲਈ ਵਿਸ਼ੇਸ਼ ਟਾਸਕ ਫੋਰਸ ਨੇ  ਜਾਂਚ ਸ਼ੁਰੂ ਕਰ ਦਿੱਤੀ ਹੈ।

-------------------------------------------------------

ਫਰਾਂਸ ਵਿੱਚ ਵਧਦੀ ਮਹਿੰਗਾਈ ਅਤੇ ਸਕੂਲਾਂ ਦੀ ਖਰਾਬ  ਹਾਲਤ ਵਿਰੁੱਧ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨਾਂ ਦੌਰਾਨ ਲਗਭਗ 1,800 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਅਧਿਕਾਰੀਆਂ  ਅਨੁਸਾਰ, ਪ੍ਰਦਰਸ਼ਨਕਾਰੀਆਂ ਨੇ ਕਈ ਸ਼ਹਿਰਾਂ ਵਿੱਚ ਅੱਗਜਨੀ  ਕੀਤੀ ਤੇ

ਇਮਾਰਤਾਂ ਤੇ ਹਮਲੇ ਕੀਤੇ| ਫਰਾਂਸ ਭਰ ਵਿੱਚ ਹੋਏ ਵਿਰੋਧ ਪ੍ਰਦਰਸ਼ਨਾਂ ਵਿੱਚ ਲਗਭਗ ਸਾਢੇ 5 ਲੋਕਾਂ ਨੇ ਹਿੱਸਾ ਲਿਆ। ਪੈਰਿਸ ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਦੀ ਦਿਲ ਦਾ ਦੌਰਾ ਪੈਣ ਨਾਲ ਮੌਤ ਹੋ ਗਈ। ਹਾਲਾਂਕਿ, ਹੋਰ ਵੇਰਵੇ ਨਹੀਂ ਦਿੱਤੇ ਗਏ। ਗ੍ਰਹਿ ਮੰਤਰੀ ਲੌਰੇਂਟ ਨੁਨੇਜ਼ ਨੇ ਕਿਹਾ ਕਿ 500 ਤੋਂ ਵੱਧ ਪੁਲਿਸ ਵਾਲੇ ਤੇ ਅਤੇ ਫਾਇਰਬ੍ਰਿਗੇਡ ਦੇ ਮੁਲਾਜ਼ਮ ਜ਼ਖਮੀ ਹੋਏ ਨੇ ||। ਫਰਾਂਸ ਦੇ ਰਾਸ਼ਟਰਪਤੀ ਇਮੈਨੁਅਲ ਮੈਕਰੋਨ ਅੱਜ ਸੀਨੀਅਰ ਸਰਕਾਰੀ ਅਧਿਕਾਰੀਆਂ ਨਾਲ ਇੱਕ ਹੰਗਾਮੀ ਮੀਟਿੰਗ ਕਰ ਰਹੇ ਨੇ ।

---------------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਸ਼ੰਘਾਈ ਸਹਿਯੋਗ ਸੰਗਠਨ (SCO) ਦੇ ਸਰਕਾਰ ਮੁਖੀਆਂ ਦੀ ਭਲਕੇ ਤਾਜਿਕਸਤਾਨ ਦੀ ਰਾਜਧਾਨੀ ਦੁਸ਼ਾਂਬੇ ਵਿੱਚ ਹੋ ਰਹੀ ਦੋ-ਰੋਜ਼ਾ ਮੀਟਿੰਗ ਵਿੱਚ, ਭਾਰਤ ਦੀ ਨੁਮਾਇੰਦਗੀ ਕਰਨਗੇ। ਮੀਟਿੰਗ ਵਿੱਚ ਵਪਾਰ, ਅਰਥਵਿਵਸਥਾ, ਨਿਵੇਸ਼, ਸੰਪਰਕ, ਨਵੀਨਤਾ ਅਤੇ ਸੱਭਿਆਚਾਰਕ ਆਦਾਨ-ਪ੍ਰਦਾਨ ਵਰਗੇ ਖੇਤਰਾਂ ਵਿੱਚ ਮੈਂਬਰ ਦੇਸ਼ਾਂ ਵਿਚਕਾਰ ਸਹਿਯੋਗ ਵਧਾਉਣ ਬਾਰੇ ਚਰਚਾ ਕੀਤੀ ਜਾਵੇਗੀ। ਇਸ ਵਿੱਚ ਵੱਖ-ਵੱਖ ਖੇਤਰਾਂ ਵਿੱਚ ਸਹਿਯੋਗ ਦੇ ਸਬੰਧ ਵਿੱਚ ਹੋਈ ਪ੍ਰਗਤੀ ਦੀ ਸਮੀਖਿਆ ਕੀਤੀ ਜਾਵੇਗੀ ਅਤੇ ਸੰਸਥਾ ਦੇ ਵਿੱਤੀ ਤੇ ਸੰਸਥਾਗਤ ਕੰਮਕਾਜ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

---------------------------------------------------------------

ਈਰਾਨੀ ਸੰਸਦ ਨੇ ਅੱਜ ਮੇਹਰਦਾਦ ਅਖਲਾਗੀ ਨੂੰ ਰੱਖਿਆ ਮੰਤਰੀ ਵਜੋਂ ਨਿਯੁਕਤ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਏ । 237 ਸੰਸਦ ਮੈਂਬਰਾਂ ਨੇ ਉਨ੍ਹਾਂ ਦੇ ਹੱਕ ਵਿੱਚ ਵੋਟ ਦਿੱਤੀ, ਜਦੋਂ ਕਿ 15 ਨੇ ਵਿਰੋਧ ਵਿੱਚ ਵੋਟ ਪਈ । ਨਵੇਂ ਰੱਖਿਆ ਮੰਤਰੀ ਮੇਹਰਦਾਦ ਅਖਲਾਗੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਈਰਾਨ 'ਤੇ ਦੁਬਾਰਾ ਹਮਲਾ ਨਾ ਕਰਨ ਦੀ ਚੇਤਾਵਨੀ ਦਿੱਤੀ ਹੈ। ਉਨ੍ਹਾਂ ਕਿਹਾ ਕਿ ਈਰਾਨ ਨੇ ਮਦਰ ਆਫ਼ ਆਲ BOMBS  ਦਾ ਮੁਕਾਬਲਾ ਕਰਨ ਲਈ ਸਾਰੇ ਜ਼ਰੂਰੀ ਉਪਾਅ ਕੀਤੇ ਹਨ ਅਤੇ ਆਪਣੀ ਫੌਜੀ ਤਿਆਰੀ 'ਤੇ ਭਰੋਸਾ  ਰੱਖਦਾ ਹੈ। ਵੋਟਿੰਗ ਤੋਂ ਪਹਿਲਾਂ ਸੰਸਦ ਨੂੰ ਸੰਬੋਧਨ ਕਰਦਿਆਂ ਅਖਲਾਗੀ ਨੇ ਰਾਸ਼ਟਰਪਤੀ ਟਰੰਪ ਨੂੰ ਤਣਾਅ ਵਧਾਉਣ ਤੋਂ ਬਚਣ ਅਤੇ ਖੇਤਰ ਤੋਂ ਅਮਰੀਕੀ ਫੌਜਾਂ ਦੀ ਸੁਰੱਖਿਅਤ ਵਾਪਸੀ 'ਤੇ ਧਿਆਨ ਕੇਂਦਰਿਤ ਕਰਨ ਦੀ ਅਪੀਲ ਕੀਤੀ।

---------------------------------------------------------------

ਯੂਕਰੇਨੀ ਫੌਜ ਨੇ ਅੱਜ ਰੂਸ ਵਿਰੁੱਧ ਆਪਣਾ ਹੁਣ ਤੱਕ ਦਾ ਸਭ ਤੋਂ ਵੱਡਾ ਹਵਾਈ ਹਮਲਾ ਕੀਤਾ, ਜਿਸ ਵਿੱਚ ਇੱਕ ਹਜ਼ਾਰ ਤੋਂ ਵੱਧ ਡਰੋਨ ਸ਼ਾਮਲ ਸਨ। ਇਸ ਹਮਲੇ ਵਿੱਚ ਸੇਂਟ ਪੀਟਰਸਬਰਗ ਵਿੱਚ ਇੱਕ ਤੇਲ ਬਰਾਮਦ ਟਰਮੀਨਲ ਨੂੰ ਅੱਗ ਲੱਗ ਗਈ। ਸੇਂਟ ਪੀਟਰਸਬਰਗ ਦੇ ਗਵਰਨਰ ਅਲੈਗਜ਼ੈਂਡਰ ਬੇਗਲੋਵ ਨੇ ਕਿਹਾ ਕਿ ਹਮਲੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਪੰਜ ਜ਼ਖਮੀ ਹੋ ਗਏ | ਰੂਸ ਦੇ ਰੱਖਿਆ ਮੰਤਰਾਲੇ ਨੇ ਕਿਹਾ ਕਿ ਉਸਦੀਆਂ ਫੌਜਾਂ ਨੇ 1 ਹਜ਼ਾਰ ਤੋਂ ਵੱਧ ਯੁਕ੍ਰੇਨੀ ਡਰੋਨਾਂ ਨੂੰ

ਨਸ਼ਟ ਕਰ ਦਿੱਤਾ | ਰੂਸੀ ਫੌਜਾਂ ਨੇ ਦੱਖਣੀ ਯੂਕਰੇਨੀ ਸ਼ਹਿਰ ਜ਼ਪੋਰਿਜ਼ੀਆ 'ਤੇ ਦੋ ਹਮਲੇ ਕੀਤੇ, ਜਿਸ ਵਿੱਚ ਇੱਕ ਔਰਤ ਦੀ ਮੌਤ ਹੋ ਗਈ ਅਤੇ ਘੱਟੋ-ਘੱਟ ਦੋ ਹੋਰ ਜ਼ਖਮੀ ਹੋ ਗਏ।

---------------------------------------------------------------

ਏਸ਼ੀਆਈ ਪੈਰਾ ਖੇਡਾਂ 2026 ਅੱਜ ਜਾਪਾਨ ਦੇ ਆਈਚੀ-ਨਾਗੋਯਾ ਵਿੱਚ ਸ਼ੁਰੂ ਹੋ ਗਈਆਂ ਨੇ | . 45 ਦੇਸ਼ਾਂ ਦੀਆਂ ਪੈਰਾਲੰਪਿਕ ਕਮੇਟੀਆਂ ਦੇ ਕਰੀਬ ਤਿੰਨ ਹਜ਼ਾਰ ਖਿਡਾਰੀ, ਇਨ੍ਹਾਂ ਖੇਡਾਂ ਵਿੱਚ ਹਿੱਸਾ ਲੈਣਗੇ। ਇਹ ਖੇਡਾਂ 24 ਅਕਤੂਬਰ ਤੱਕ ਚੱਲਣਗੀਆਂ। ਉਦਘਾਟਨੀ ਸਮਾਰੋਹ, ਭਾਰਤੀ ਸਮੇਂ ਅਨੁਸਾਰ ਦੁਪਹਿਰ ਬਾਅਦ ਢਾਈ ਵਜੇ ਨਾਗੋਯਾ ਦੇ ਪਾਲੋਮਾ ਮਿਜ਼ੁਹੋ ਸਟੇਡੀਅਮ ਵਿੱਚ ਸ਼ੁਰੂ ਹੋਵੇਗਾ। ਭਾਰਤ ਵੱਲੋਂ ਪੈਰਾ-ਬੈਡਮਿੰਟਨ ਖਿਡਾਰੀ ਪ੍ਰਮੋਦ ਭਗਤ ਅਤੇ ਦੌੜਾਕ ਸਿਮਰਨ ਸ਼ਰਮਾ, ਉਦਘਾਟਨੀ ਸਮਾਰੋਹ ਵਿੱਚ, ਭਾਰਤੀ ਦਲ ਦੀ ਅਗਵਾਈ ਕਰਨਗੇ। ਭਾਰਤੀ ਦਲ ਵਿੱਚ 281 ਮੈਂਬਰ ਨੇ, ਜਿਸ ਵਿੱਚ 168 ਖਿਡਾਰੀ ਅਤੇ 113 ਅਧਿਕਾਰੀ ਤੇ ਸਹਾਇਕ ਅਮਲਾ ਸ਼ਾਮਲ ਏ।

---------------------------------------------------------------

ਮਹਿਲਾ ਕ੍ਰਿਕੇਟ ਵਿੱਚ, ਭਾਰਤ ਅਤੇ ਜ਼ਿੰਬਾਬਵੇ ਵਿਚਕਾਰ ਰਾਏਪੁਰ ਵਿਖੇ ਖੇਡੇ ਜਾ ਰਹੇ ਦੂਜੇ twenty -20 ਮੈਚ ਵਿਚ ਜ਼ਿੰਬਾਬਵੇ ਨੇ ਤਾਜ਼ਾ ਖਬਰ ਮਿਲਣ ਸਮੇਂ 7 ਓਵਰਾਂ ਵਿੱਚ 2 ਵਿਕਟਾਂ ਦੇ ਨੁਕਸਾਨ 'ਤੇ 25 ਦੌੜਾਂ ਬਣਾ ਲਈਆਂ ਨੇ | ਪਹਿਲਾਂ ਜ਼ਿੰਬਾਬਵੇ ਨੇ ਟਾਸ ਜਿੱਤ ਕੇ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ |

---------------------------------------------------------

ਜੰਮੂ ਅਤੇ ਕਟੜਾ ਤੋਂ ਲੰਘਣ ਵਾਲੀਆਂ ਕਈ ਰੇਲਗੱਡੀਆਂ ਦੇ ਸਮੇਂ 'ਚ ਤਬਦੀਲੀ ਕੀਤੀ ਗਈ ਏ | ਇਹ ਫੈਸਲਾ ਸਾਬਰਮਤੀ-ਜੰਮੂ ਤਵੀ ਐਕਸਪ੍ਰੈਸ ਦੀ ਸੇਵਾ ਸ੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਤੱਕ ਵਧਾਉਣ ਤੋਂ ਬਾਅਦ ਲਿਆ ਗਿਆ ਹੈ। ਸੋਧੀ ਹੋਈ ਸਮਾਂ-ਸਾਰਣੀ ਵੱਖ-ਵੱਖ ਤਰੀਕਾਂ 'ਤੇ ਲਾਗੂ ਹੋਏਗੀ । ਮੁਸਾਫ਼ਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣਾ ਸਫ਼ਰ ਸ਼ੁਰੂ ਕਰਨ ਤੋਂ ਪਹਿਲਾਂ ਸਹੀ ਰਵਾਨਗੀ ਸਮੇਂ ਦੀ ਜਾਂਚ ਕਰ ਲੈਣ।

---------------------------------------------------------

ਦਿੱਲੀ ਪੁਲਿਸ ਦੀ ਇੰਟੈਲੀਜੈਂਸ ਫਿਊਜ਼ਨ ਐਂਡ ਸਟ੍ਰੈਟੇਜਿਕ ਆਪ੍ਰੇਸ਼ਨਜ਼ (IFSO) ਯੂਨਿਟ ਨੇ ਪੰਜ ਰਾਜਾਂ ਵਿੱਚ 1 ਕਰੋੜ 53 ਲੱਖ  ਦੀ ਸਾਈਬਰ ਧੋਖਾਧੜੀ ਨੂੰ ਰੋਕਿਆ ਹੈ। ਇਹ ਯੂਨਿਟ ਸਾਰੇ ਗੁੰਝਲਦਾਰ ਅਤੇ ਸੰਵੇਦਨਸ਼ੀਲ ਸਾਈਬਰ ਅਪਰਾਧ ਮਾਮਲਿਆਂ ਨੂੰ ਦੇਖਦੀ ਏ । ਦਿੱਲੀ, ਰਾਜਸਥਾਨ, ਉੱਤਰ ਪ੍ਰਦੇਸ਼, ਮਹਾਰਾਸ਼ਟਰ ਅਤੇ ਗੁਜਰਾਤ ਵਿੱਚ ਪੰਜ ਮਾਮਲਿਆਂ ਵਿੱਚ ਸਮੇਂ ਸਿਰ ਦਖਲ ਦੇ ਕੇ, ਯੂਨਿਟ ਨੇ ਸ਼ੱਕੀ ਫੰਡਿੰਗ ਸਰੋਤਾਂ ਦਾ ਪਤਾ ਲਗਾਇਆ ਅਤੇ ਸਾਈਬਰ ਧੋਖਾਧੜੀ ਦੇ ਪੀੜਤਾਂ ਦੀ ਪਛਾਣ ਕੀਤੀ। ਇਨ੍ਹਾਂ ਵਿੱਚੋਂ ਜ਼ਿਆਦਾਤਰ ਮਾਮਲਿਆਂ ਵਿੱਚ ਬਜ਼ੁਰਗ ਨਾਗਰਿਕਾਂ ਨੂੰ  ਨਿਸ਼ਾਨਾ ਬਣਾਇਆ ਗਿਆ ਸੀ।

---------------------------------------------------------

- ਪੱਛਮੀ ਬੰਗਾਲ 'ਚ ਕੋਲਕਾਤਾ ਦੇ ਚੋਰਬਾਗਨ ਦੁਰਗਾ ਪੂਜਾ ਪੰਡਾਲ 'ਚ ਭਗਦੜ ਦੇ ਮਾਮਲੇ 'ਚ ਅੱਜ ਸਥਾਨਕ ਅਦਾਲਤ ਨੇ 7 ਲੋਕਾਂ ਨੂੰ 10 ਦਿਨਾਂ ਦੀ ਪੁਲਸ ਹਿਰਾਸਤ 'ਚ ਭੇਜ ਦਿੱਤਾ ਏ।

- ਪੰਜਾਬ ਦੇ ਸੰਗਰੂਰ ਜ਼ਿਲ੍ਹੇ 'ਚ ਇਕ ਸੜਕ ਹਾਦਸੇ 'ਚ 8 ਮਜ਼ਦੂਰਾਂ ਦੀ ਮੌਤ ਹੋ ਗਈ ਤੇ ਕਈ ਹੋਰ ਜ਼ਖਮੀ ਹੋ ਗਏ |

- ਫਰਾਂਸ ਵਿੱਚ ਵਧਦੀ ਮਹਿੰਗਾਈ ਅਤੇ ਸਕੂਲਾਂ ਦੀ ਖਰਾਬ ਹਾਲਤ ਵਿਰੁੱਧ ਦੇਸ਼ ਵਿਆਪੀ ਵਿਰੋਧ ਪ੍ਰਦਰਸ਼ਨਾਂ ਦੌਰਾਨ ਲਗਭਗ 1,800 ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਏ।

- ਈਰਾਨ ਦੀ ਸੰਸਦ ਨੇ ਅੱਜ ਮੇਹਰਦਾਦ ਅਖਲਾਗੀ ਨੂੰ ਦੇਸ਼ ਦਾ ਅਗਲਾ ਰੱਖਿਆ ਮੰਤਰੀ ਵਜੋਂ ਨਿਯੁਕਤ ਕਰਨ ਲਈ ਮਨਜ਼ੂਰੀ ਦੇ ਦਿੱਤੀ ਏ।

- ਏਸ਼ੀਆਈ ਪੈਰਾ ਖੇਡਾਂ 2026 ਅੱਜ ਜਾਪਾਨ ਦੇ ਆਈਚੀ-ਨਾਗੋਯਾ ਵਿੱਚ ਸ਼ੁਰੂ ਹੋ ਗਈਆਂ ਨੇ |

---